Exam. Code : 103203
Subject Code : 1095

**B.A./B.Sc. 3rd Semester (Batch 2020-23)**

**PUNJABI (Elective)**

Time Allowed—3 Hours] [Maximum Marks—100

**ਨੋਟ :—** ਹਰੇਕ ਭਾਗ ਵਿੱਚੋਂ ਘੱਟੋ-ਘੱਟ **ਇੱਕ** ਪ੍ਰਸ਼ਨ ਦੀ ਚੋਣ ਕਰਦੇ ਹੋਏ, ਕੁੱਲ **ਪੰਜ** ਪ੍ਰਸ਼ਨ ਕਰੋ। **ਪੰਜਵਾਂ** ਪ੍ਰਸ਼ਨ ਕਿਸੇ ਵੀ ਭਾਗ ਵਿੱਚੋਂ ਕੀਤਾ ਜਾ ਸਕਦਾ ਹੈ। ਸਾਰੇ ਪ੍ਰਸ਼ਨਾਂ ਦੇ ਅੰਕ ਬਰਾਬਰ ਹਨ।

## ਭਾਗ—ਪਹਿਲਾ

1. ਹੇਠ ਲਿਖੇ ਕਾਵਿ ਬੰਦਾਂ ਦੀ ਪ੍ਰਸੰਗ ਸਹਿਤ ਵਿਆਖਿਆ ਕਰੋ :

(ੳ) ਧੂਪ ਦੀਪ ਘ੍ਰਿਤ ਸਾਜਿ ਆਰਤੀ॥
ਵਾਰਨੇ ਜਾਉ ਕਮਲਾ ਪਤੀ॥੧॥
ਮੰਗਲਾ ਹਰਿ ਮੰਗਲਾ॥
ਨਿਤ ਮੰਗਲੁ ਰਾਜਾ ਰਾਮ ਰਾਇ ਕੋ॥੧॥ ਰਹਾਉ॥
ਉਤਮ ਦੀਅਰਾ ਨਿਰਮਲ ਬਾਤੀ॥
ਤੁਹੀ ਨਿਰੰਜਨੁ ਕਮਲਾ ਪਾਤੀ॥

(ਅ) ਦੇਹ ਤੇਜਣਿ ਜੀ ਰਾਮਿ ਉਪਾਈਆ ਰਾਮ॥
ਧੰਨੁ ਮਾਣਸ ਜਨਮੁ ਪੁੰਨਿ ਪਾਈਆ ਰਾਮ॥
ਮਾਣਸ ਜਨਮੁ ਵਡ ਪੁੰਨੇ ਪਾਇਆ ਦੇਹ ਸੁ ਕੰਚਨ ਚੰਗੜੀਆ॥
ਗੁਰਮੁਖਿ ਰੰਗੁ ਚਲੂਲਾ ਪਾਵੈ ਹਰਿ ਹਰਿ ਹਰਿ ਨਵ ਰੰਗੜੀਆ॥

2. ਹੇਠ ਲਿਖੇ ਕਾਵਿ ਬੰਦਾਂ ਦੀ ਪ੍ਰਸੰਗ ਸਹਿਤ ਵਿਆਖਿਆ ਕਰੋ :

(ੳ) ਕਤ ਜਾਈਐ ਰੇ ਘਰ ਲਾਗੋ ਰੰਗੁ॥
ਮੇਰਾ ਚਿਤੁ ਨ ਚਲੈ ਮਨੁ ਭਇਓ ਪੰਗੁ॥੧॥ ਰਹਾਉ॥
ਏਕ ਦਿਵਸ ਮਨ ਭਈ ਉਮੰਗ॥
ਘਸਿ ਚੰਦਨ ਚੋਆ ਬਹੁ ਸੁਗੰਧ॥
ਪੂਜਨ ਚਾਲੀ ਬ੍ਰਹਮ ਠਾਇ॥
ਸੋ ਬ੍ਰਹਮ ਬਤਾਇਓ ਗੁਰ ਮਨ ਹੀ ਮਾਹਿ॥੧॥

(ਅ) ਕੰਤਾ ਨਾਲਿ ਮਹੇਲੀਆ ਸੇਤੀ ਅਗਿ ਜਲਾਹਿ॥
ਜੇ ਜਾਣਹਿ ਪਿਰੁ ਆਪਣਾ ਤਾ ਤਨਿ ਦੁਖ ਸਹਾਹਿ॥
ਨਾਨਕ ਕੰਤ ਨ ਜਾਣਨੀ ਸੇ ਕਿਉ ਅਗਿ ਜਲਾਹਿ॥
ਭਾਵੈ ਜੀਵਉ ਕੈ ਮਰਉ ਦੂਰਹੁ ਹੀ ਭਜਿ ਜਾਹਿ॥

## ਭਾਗ—ਦੂਜਾ

3. 'ਭਾਬੀ ਮੈਨਾ' ਕਹਾਣੀ ਦਾ ਸਾਰ ਲਿਖੋ।

4. 'ਘੋਟਣਾ' ਕਹਾਣੀ ਦਾ ਵਿਸ਼ਾ-ਵਸਤੂ ਲਿਖੋ।

## ਭਾਗ—ਤੀਜਾ

5. ਸਾਹਿਤ ਆਲੋਚਨਾ ਨਾਲ ਸੰਬੰਧਿਤ ਮੂਲ ਸੰਕਲਪਾਂ 'ਤੇ ਨੋਟ ਲਿਖੋ :

(ੳ) ਰੂਪ ਤੇ ਵਸਤੂ

(ਅ) ਬਿੰਬ।



6. ਸਾਹਿਤ ਆਲੋਚਨਾ ਨਾਲ ਸੰਬੰਧਿਤ ਮੂਲ ਸੰਕਲਪਾਂ 'ਤੇ ਨੋਟ ਲਿਖੋ :

(ੳ) ਵਿਰੇਚਣ

(ਅ) ਪ੍ਰਤੀਕ।

## ਭਾਗ—ਚੌਥਾ

7. (ੳ) ਕਾਫ਼ੀ ਦੀ ਪਰਿਭਾਸ਼ਾ ਕਰਦੇ ਹੋਏ ਇਸਦੇ ਤੱਤਾਂ ਬਾਰੇ ਚਰਚਾ ਕਰੋ।

(ਅ) ਵਾਰ ਦੀ ਪਰਿਭਾਸ਼ਾ ਕਰਦੇ ਹੋਏ ਇਸਦੇ ਤੱਤਾਂ ਬਾਰੇ ਚਰਚਾ ਕਰੋ।

8. (ੳ) ਕਿੱਸੇ ਦੀ ਪਰਿਭਾਸ਼ਾ ਕਰਦੇ ਹੋਏ ਇਸਦੇ ਤੱਤਾਂ ਬਾਰੇ ਚਰਚਾ ਕਰੋ।

(ਅ) ਜੰਗਨਾਮੇ ਦੀ ਪਰਿਭਾਸ਼ਾ ਕਰਦੇ ਹੋਏ ਇਸਦੇ ਤੱਤਾਂ ਬਾਰੇ ਚਰਚਾ ਕਰੋ।